ਆਸਾ ਮਹਲਾ ੧ ॥ ਰੂੜੋ ਠਾਕੁਰ ਮਾਹਰੋ ਰੂੜੀ ਗੁਰਬਾਣੀ ॥ ਵਡੈ ਭਾਗਿ ਸਤਿਗੁਰੁ ਮਿਲੈ ਪਾਈਐ ਪਦੁ ਨਿਰਬਾਣੀ ॥੧॥ ਮੈ ਓਲ੍ਹਗੀਆ ਓਲ੍ਹਗੀ ਹਮ ਛੋਰੂ ਥਾਰੇ ॥ ਜਿਉ ਤੂੰ ਰਾਖਹਿ ਤਿਉ ਰਹਾ ਮੁਖਿ ਨਾਮੁ ਹਮਾਰੇ ॥੧॥ ਰਹਾਉ ॥ ਦਰਸਨ ਕੀ ਪਿਆਸਾ ਘਣੀ ਭਾਣੈ ਮਨਿ ਭਾਈਐ ॥ ਮੇਰੇ ਠਾਕੁਰ ਹਾਥਿ ਵਡਿਆਈਆ ਭਾਣੈ ਪਤਿ ਪਾਈਐ ॥੨॥ ਸਾਚਉ ਦੂਰਿ ਨ ਜਾਣੀਐ ਅੰਤਰਿ ਹੈ ਸੋਈ ॥ ਜਹ ਦੇਖਾ ਤਹ ਰਵਿ ਰਹੇ ਕਿਨਿ ਕੀਮਤਿ ਹੋਈ ॥੩॥ ਆਪਿ ਕਰੇ ਆਪੇ ਹਰੇ ਵੇਖੈ ਵਡਿਆਈ ॥ ਗੁਰਮੁਖਿ ਹੋਇ ਨਿਹਾਲੀਐ ਇਉ ਕੀਮਤਿ ਪਾਈ ॥੪॥ ਜੀਵਦਿਆ ਲਾਹਾ ਮਿਲੈ ਗੁਰ ਕਾਰ ਕਮਾਵੈ ॥ ਪੂਰਬਿ ਹੋਵੈ ਲਿਖਿਆ ਤਾ ਸਤਿਗੁਰੁ ਪਾਵੈ ॥੫॥ ਮਨਮੁਖ ਤੋਟਾ ਨਿਤ ਹੈ ਭਰਮਹਿ ਭਰਮਾਏ ॥ ਮਨਮੁਖੁ ਅੰਧੁ ਨ ਚੇਤਈ ਕਿਉ ਦ ਰਸਨੁ ਪਾਏ ॥੬॥ ਤਾ ਜਗਿ ਆਇਆ ਜਾਣੀਐ ਸਾਚੈ ਲਿਵ ਲਾਏ ॥ ਗੁਰ ਭੇਟੇ ਪਾਰਸੁ ਭਏ ਜੋਤੀ ਜੋਤਿ ਮਿਲਾਏ ॥੭॥ ਅਹਿਨਿਸਿ ਰਹੈ ਨਿਰਾਲਮੋ ਕਾਰ ਧੁਰ ਕੀ ਕਰਣੀ ॥ ਨਾਨਕ ਨਾਮਿ ਸੰਤੋਖੀਆ ਰਾਤੇ ਹਰਿ ਚਰਣੀ ॥੮॥੧੯॥ {ਪੰਨਾ 421}

ਪਦਅਰਥ:- ਰੂੜੋ—ਸੁੰਦਰ। ਮਾਹਰੋ—ਪ੍ਰਬੀਨ। ਰੂੜੀ—ਸੁੰਦਰ। ਭਾਗਿ—ਕਿਸਮਤ ਨਾਲ। ਪਦੁ—ਦਰਜਾ। ਨਿਰਬਾਣੀ—ਵਾਸਨਾ-ਰਹਿਤ।1।

ਓਲ੍ਹਗੀਆ ਓਲ੍ਹਗੀ—ਲਾਗੀਆਂ ਦਾ ਲਾਗੀ, ਕੰਮੀਆਂ ਦਾ ਕੰਮੀ, ਦਾਸਾਂ ਦਾ ਦਾਸ। ਛੋਰੂ—ਛੋਕਰੇ, ਛੋਟੇ ਸੇਵਕ। ਥਾਰੇ—ਤੇਰੇ। ਰਹਾ—ਮੈਂ ਰਹਾਂ। ਮੁਖਿ—ਮੂੰਹ ਵਿਚ।1। ਰਹਾਉ।

ਘਣੀ—ਬਹੁਤ। ਮਨਿ—ਮਨ ਵਿਚ। ਭਾਣੈ—ਤੇਰੀ ਰਜ਼ਾ ਵਿਚ ਹੀ। ਭਾਈਐ—ਚੰਗੀ ਲੱਗਦੀ ਹੈ। ਹਾਥਿ—ਹੱਥ ਵਿਚ। ਪਤਿ—ਇੱਜ਼ਤ।2।

ਸਾਚਉ—ਸਦਾ-ਥਿਰ ਰਹਿਣ ਵਾਲਾ। ਅੰਤਰਿ—(ਹਰੇਕ ਦੇ) ਅੰਦਰ। ਸੋਈ—ਉਹ ਪ੍ਰਭੂ। ਰਵਿ ਰਹੇ—ਵਿਆਪਕ। ਕਿਨਿ—ਕਿਸ ਪਾਸੋਂ?।3।

ਹਰੇ—(ਜਿੰਦ) ਲੈ ਲੈਂਦਾ ਹੈ। ਵਡਿਆਈ—ਤਾਕਤ, ਸਮਰੱਥਾ। ਨਿਹਾਲੀਐ—ਵੇਖ ਸਕੀਦਾ ਹੈ। ਇਉ—ਇਸ ਤਰ੍ਹਾਂ। ਕੀਮਤਿ—ਕਦਰ।4।

ਲਾਹਾ—ਲਾਭ। ਪੂਰਬਿ—ਧੁਰ ਤੋਂ, ਪਹਿਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ।5।

ਤੋਟਾ—ਘਾਟਾ, (ਆਤਮਕ ਗੁਣਾਂ ਵਿਚ) ਕਮੀ। ਭਰਮਹਿ—ਭਟਕਦੇ ਹਨ। ਨ ਚੇਤਈ—ਨਹੀਂ ਚੇਤਦਾ।6।

ਜਗਿ—ਜਗਤ ਵਿਚ। ਸਾਚੇ—ਸਦਾ-ਥਿਰ ਪ੍ਰਭੂ ਵਿਚ। ਗੁਰ—ਗੁਰੂ ਨੂੰ। ਪਾਰਸੁ—ਲੋਹੇ ਆਦਿਕ ਨੂੰ ਸੋਨਾ ਬਣਾ ਦੇਣ ਵਾਲੀ ਪੱਥਰੀ। ਜੋਤੀ—ਪਰਮਾਤਮਾ ਦੀ ਜੋਤਿ ਵਿਚ।7।

ਅਹਿ—ਦਿਨ {Ahr`}। ਨਿਸਿ—ਰਾਤ {nl_`}। ਨਿਰਾਲਮੋ—ਨਿਰਲੇਪ, {inrw-lm} ਮਾਇਆ ਨੂੰ ਜੀਵਨ ਦਾ ਆਸਰਾ ਬਣਾਣ ਤੋਂ ਬਿਨਾ। ਨਾਮਿ—ਨਾਮ ਵਿਚ।8।

ਅਰਥ:- (ਹੇ ਪ੍ਰਭੂ!) ਮੈਂ ਤੇਰੇ ਦਾਸਾਂ ਦਾ ਦਾਸ ਹਾਂ, ਮੈਂ ਤੇਰਾ ਛੋਟਾ ਜਿਹਾ ਸੇਵਕ ਹਾਂ। (ਮੇਹਰ ਕਰ) ਮੈਂ ਉਸੇ ਤਰ੍ਹਾਂ ਜੀਵਾਂ ਜਿਵੇਂ ਤੇਰੀ ਰਜ਼ਾ ਹੋਵੇ। ਮੇਰੇ ਮੂੰਹ ਵਿਚ ਆਪਣਾ ਨਾਮ ਦੇਹ।1। ਰਹਾਉ।

ਹੇ ਠਾਕੁਰ! ਤੂੰ ਸੁੰਦਰ ਹੈਂ, ਤੂੰ ਸਿਆਣਾ ਹੈਂ। ਗੁਰੂ ਦੀ ਸੁੰਦਰ ਬਾਣੀ ਦੀ ਰਾਹੀਂ (ਤੇਰੀ ਪ੍ਰਾਪਤੀ ਹੋ ਸਕਦੀ ਹੈ)। ਵੱਡੀ ਕਿਸਮਤ ਨਾਲ ਗੁਰੂ ਮਿਲਦਾ ਹੈ, (ਤੇ ਗੁਰੂ ਦੇ ਮਿਲਣ ਦੇ ਨਾਲ) ਵਾਸਨਾ-ਰਹਿਤ ਆਤਮਕ ਅਵਸਥਾ ਮਿਲਦੀ ਹੈ।1।

ਪ੍ਰਭੂ ਦੀ ਰਜ਼ਾ ਵਿਚ (ਜੀਵ ਦੇ ਅੰਦਰ) ਉਸ ਦੇ ਦਰਸ਼ਨ ਦੀ ਤੀਬਰ ਤਾਂਘ ਪੈਦਾ ਹੁੰਦੀ ਹੈ, ਉਸ ਦੀ ਰਜ਼ਾ ਅਨੁਸਾਰ ਹੀ ਉਹ ਜੀਵ ਦੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ। ਪਿਆਰੇ ਠਾਕੁਰ ਦੇ ਹੱਥ ਵਿਚ ਹੀ ਸਾਰੀਆਂ ਵਡਿਆਈਆਂ ਹਨ, ਉਸ ਦੀ ਰਜ਼ਾ ਅਨੁਸਾਰ ਹੀ (ਜੀਵ ਨੂੰ ਉਸ ਦੇ ਦਰ ਤੇ) ਇੱਜ਼ਤ ਮਿਲਦੀ ਹੈ।2।

ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ (ਕਿਤੇ) ਦੂਰ (ਬੈਠਾ) ਨਹੀਂ ਸਮਝਣਾ ਚਾਹੀਦਾ, ਹਰੇਕ ਜੀਵ ਦੇ ਅੰਦਰ ਉਹ ਆਪ ਹੀ (ਵੱਸ ਰਿਹਾ) ਹੈ। ਮੈਂ ਜਿੱਧਰ ਤੱਕਦਾ ਹਾਂ, ਉਧਰ ਹੀ ਪ੍ਰਭੂ ਭਰਪੂਰ ਹੈ। ਪਰ ਕਿਸੇ ਜੀਵ ਪਾਸੋਂ ਉਸ ਦਾ ਮੁੱਲ ਨਹੀਂ ਪੈ ਸਕਦਾ।3।

ਪਰਮਾਤਮਾ ਆਪ ਹੀ ਉਸਾਰਦਾ ਹੈ ਆਪ ਹੀ ਢਾਂਹਦਾ ਹੈ, (ਆਪਣੀ ਇਹ) ਤਾਕਤ ਉਹ ਆਪ ਹੀ ਵੇਖ ਰਿਹਾ ਹੈ। ਗੁਰੂ ਦੇ ਸਨਮੁਖ ਹੋ ਕੇ ਉਸ ਦਾ ਦਰਸ਼ਨ ਕਰ ਸਕੀਦਾ ਹੈ, ਤੇ ਇਸ ਤਰ੍ਹਾਂ ਉਸ ਦਾ ਮੁੱਲ ਪੈ ਸਕਦਾ ਹੈ (ਕਿ ਉਹ ਹਰ ਥਾਂ ਮੌਜੂਦ ਹੈ)।4।

ਜੇਹੜਾ ਮਨੁੱਖ ਗੁਰੂ ਦੀ ਦੱਸੀ ਕਾਰ ਕਰਦਾ ਹੈ ਉਸ ਨੂੰ ਇਸੇ ਜੀਵਨ ਵਿਚ ਪਰਮਾਤਮਾ ਦਾ ਨਾਮ-ਲਾਭ ਮਿਲ ਜਾਂਦਾ ਹੈ। ਪਰ ਗੁਰੂ ਭੀ ਤਦੋਂ ਹੀ ਮਿਲਦਾ ਹੈ ਜੇ ਪਿਛਲੇ ਜਨਮਾਂ ਦੇ ਕੀਤੇ ਹੋਏ ਚੰਗੇ ਕਰਮਾਂ ਦੇ ਸੰਸਕਾਰ (ਅੰਦਰ) ਮੌਜੂਦ ਹੋਣ।5।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਦੇ ਆਤਮਕ ਗੁਣਾਂ ਵਿਚ ਨਿੱਤ ਕਮੀ ਹੁੰਦੀ ਰਹਿੰਦੀ ਹੈ, (ਮਾਇਆ ਦੇ) ਭਟਕਾਏ ਹੋਏ ਉਹ (ਨਿੱਤ) ਭਟਕਦੇ ਰਹਿੰਦੇ ਹਨ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਵਿਚ) ਅੰਨ੍ਹਾ ਹੋ ਜਾਂਦਾ ਹੈ, ਉਹ ਪਰਮਾਤਮਾ ਨੂੰ ਚੇਤੇ ਨਹੀਂ ਕਰਦਾ। ਉਸ ਨੂੰ ਪਰਮਾਤਮਾ ਦਾ ਦਰਸ਼ਨ ਕਿਵੇਂ ਹੋਵੇ?।6।

ਤਦੋਂ ਹੀ ਕਿਸੇ ਨੂੰ ਜਗਤ ਵਿਚ ਜਨਮਿਆ ਸਮਝੋ, ਜੇ ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ (ਦੇ ਚਰਨਾਂ) ਵਿਚ ਸੁਰਤਿ ਜੋੜਦਾ ਹੋਵੇ। ਜੇਹੜੇ ਮਨੁੱਖ ਗੁਰੂ ਨੂੰ ਮਿਲ ਪੈਂਦੇ ਹਨ ਉਹ ਪਾਰਸ ਬਣ ਜਾਂਦੇ ਹਨ, ਉਹਨਾਂ ਦੀ ਜੋਤਿ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ।7।

ਹੇ ਨਾਨਕ! ਪ੍ਰਭੂ ਦੇ ਨਾਮ ਵਿਚ ਜੁੜੇ ਹੋਏ ਬੰਦੇ ਸੰਤੋਖ ਵਾਲਾ ਜੀਵਨ ਗੁਜ਼ਾਰਦੇ ਹਨ, ਉਸ ਪਰਮਾਤਮਾ ਦੇ ਚਰਨਾਂ ਵਿਚ ਰੰਗੇ ਰਹਿੰਦੇ ਹਨ। ਜੇਹੜਾ ਜੇਹੜਾ ਮਨੁੱਖ ਧੁਰੋਂ ਮਿਲੀ (ਸਿਮਰਨ ਦੀ) ਕਾਰ ਕਰਦਾ ਹੈ ਉਹ ਸਦਾ ਨਿਰਲੇਪ ਰਹਿੰਦਾ ਹੈ।8। 19।